Service Matter Solutions Punjab https://smspunjab.in
File No.PERS-PP-1015/8/2023-2PP1/315

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀਜ਼-1 ਸ਼ਾਖਾ)

ਮਿਤੀ, ਚੰਡੀਗੜ੍ਹ: 17-07-2023

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸ਼ਨਰ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਸਮੂਹ ਡਿਪਟੀ ਕਮਿਸ਼ਨਰ ਅਤੇ ਉਪ ਡਵੀਜ਼ਨਲ ਮੈਜਿਸਟ੍ਰੇਟ,ਪੰਜਾਬ।

**ਵਿਸ਼ਾ:- ਗਰੁੱਪ ਏ, ਬੀ, ਸੀ ਅਤੇ ਡੀ ਦੇ ਅਧਿਕਾਰੀਆ/ਕਰਮਚਾਰੀਆ ਦੀ APARs ਲਿਖਣ ਦੀ ਸਮੇ ਸਾਰਣੀ ਵਿੱਚ ਵਾਧਾ ਕਰਨ ਸਬੰਧੀ ਹਦਾਇਤਾ ਕਰਨ ਬਾਰੇ।**

***

ਸ਼੍ਰੀਮਾਨ/ਸ਼੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਪੱਤਰ ਨੰ. PERS-PP-1015/8/2023-2PP1/538912 ਮਿਤੀ 05.04.2023, ਪੱਤਰ ਨੰ. PERS-PP-1015/8/2023-2PP1/556978 ਮਿਤੀ 09.05.2023 ਅਤੇ ਪੱਤਰ ਨੰ. PERS-PP-1015/8/2023-2PP1/573213 ਮਿਤੀ 02.06.2023 ਦੀ ਲਗਾਤਾਰਤਾ ਵਿੱਚ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਏ.ਪੀ.ਏ.ਆਰ ਭਰਨ ਦੀਆਂ ਮਿਤੀਆਂ ਵਿੱਚ ਹੇਠ ਅਨੁਸਾਰ ਵਾਧਾ ਕੀਤਾ ਜਾਂਦਾ ਹੈ:-

| ਲੜੀ ਨੰ. | ਏ.ਪੀ.ਏ.ਆਰ ਲਿਖਣ ਦਾ ਪੱਧਰ | ਮੌਜੂਦਾ ਮਿਤੀ | ਸੋਧੀ ਹੋਈ ਮਿਤੀ |
|---|---|---|---|
| 1. | ਡਿਪਟੀ ਕਮਿਸ਼ਨਰ ਵੱਲੋ ਬਤੌਰ ਰਿਪੋਰਟਕਰਤਾ ਅਧਿਕਾਰੀ ਭਾਗ-3 ੳ ਤੇ ਰਿਪੋਰਟ ਦਰਜ ਕਰਨ ਉਪਰੰਤ ਵਿਭਾਗੀ ਰਿਪੋਰਟਕਰਤਾ ਅਧਿਕਾਰੀ ਨੂੰ ਭੇਜਣ ਦੀ ਮਿਤੀ | 10 ਜੂਨ 2023 ਤੱਕ | 25 ਜੁਲਾਈ 2023 ਤੱਕ |
| 2. | ਵਿਭਾਗੀ ਰਿਪੋਰਟਕਰਤਾ ਅਧਿਕਾਰੀ ਵੱਲੋ ਆਪਣੀ ਰਿਪੋਰਟ ਭਾਗ-3 ਅ ਅਤੇ ਭਾਗ-4 ਮੁਕੰਮਲ ਕਰਨ ਉਪਰੰਤ ਰਿਵਿਊਕਰਤਾ ਅਧਿਕਾਰੀ ਨੂੰ ਭੇਜਣ ਦੀ ਮਿਤੀ | 30 ਜੂਨ 2023 ਤੱਕ | 05 ਅਗਸਤ 2023 ਤੱਕ |
| 3. | ਰਿਵਿਊਕਰਤਾ ਅਧਿਕਾਰੀ ਵੱਲੋਂ ਰਿਪੋਰਟ ਰਿਵਿਊ ਕਰਨ ਦੀ ਮਿਤੀ | 15 ਅਗਸਤ 2023 ਤੱਕ | 31 ਅਗਸਤ 2023 ਤੱਕ |
| 4. | ਪ੍ਰਵਾਨਕਰਤਾ ਅਧਿਕਾਰੀ ਵੱਲੋਂ ਰਿਪੋਰਟ ਪ੍ਰਵਾਨ ਕਰਨ ਦੀ ਮਿਤੀ | 30 ਸਤੰਬਰ 2023 ਤੱਕ | ਕੋਈ ਬਦਲਾਅ ਨਹੀ |

3 ਇਹ ਪੱਤਰ ਸਮਰੱਥ ਅਥਾਰਿਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।

ਵਿਸ਼ਵਾਸਪਾਤਰ

ਰਜਵਿੰਦਰ ਕੌਰ 17/7/2023
ਸੁਪਰਡੰਟ

ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਪ੍ਰਮੁੱਖ ਸਕੱਤਰ/ਵਿੱਤੀ ਕਮਿਸ਼ਨਰਾਂ,ਪ੍ਰਬੰਧਕੀ ਸਕੱਤਰਾਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਰਜਵਿੰਦਰ ਕੌਰ 17/7/2023
ਸੁਪਰਡੰਟ

ਸੇਵਾ ਵਿਖੇ

ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰਜ/ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

File No: PERS-PP-1015/8/2023-2PP1/316 ਮਿਤੀ, ਚੰਡੀਗੜ੍ਹ: 17-07-2023

File No: PERS-PP-1015/8/2023-2PP1/317 ਮਿਤੀ, ਚੰਡੀਗੜ੍ਹ: 17-07-2023

ਉਕਤ ਦਾ ਇੱਕ ਉਤਾਰਾ ਸ੍ਰੀ ਮੁਕੇਸ਼ ਹੈਲੀ, ਸੀਨੀਅਰ ਟੈਕਨੀਕਲ ਡਾਇਰੈਕਟਰ ਅਤੇ ਵਿਭਾਗੀ ਮੁੱਖੀ, ਡਿਵੀਜ਼ਨ-4, ਐਨ.ਆਈ.ਸੀ., ਪੰਜਾਬ ਨੂੰ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਰਜਵਿੰਦਰ ਕੌਰ 17/07/2023
ਸੁਪਰਡੰਟ

Service Matter Solutions Punjab https://smspunjab.in

274
(2.)

ਨੰ. 12/162/2017-4ਪੀ.ਪੀ.2/ 573

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪ੍ਰਸੋਨਲ ਪਾਲਿਸੀਜ਼-2 ਸ਼ਾਖਾ)

ਮਿਤੀ, ਚੰਡੀਗੜ੍ਹ 28-8-23

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ, ਡਵੀਜ਼ਨਾਂ ਦੇ ਕਮਿਸ਼ਨਰ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਜਿਲ੍ਹਾ ਅਤੇ ਸੈਸ਼ਨ ਜੱਜ, ਸਮੂਹ ਡਿਪਟੀ ਕਮਿਸ਼ਨਰਜ਼ ਅਤੇ
ਸਮੂਹ ਸਬ ਡਵੀਜ਼ਨਲ ਅਫਸਰ(ਸਿਵਲ)।

ਵਿਸ਼ਾ ਝੋਨੇ ਦੀ ਪਰਾਲੀ ਜਾਂ ਕਣਕ ਦਾ ਨਾੜ ਸਾੜਨ ਦੀ ਸਮੱਸਿਆ ਨੂੰ ਰੋਕਣ ਹਿੱਤ ਕਦਮਾਂ ਬਾਰੇ।

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਜੀ ਦਾ ਧਿਆਨ ਸਰਕਾਰ ਦੇ ਗਸ਼ਤੀ ਪੱਤਰ ਨੰ. 12/162/2016-4ਪੀ.ਪੀ.2/1081752/1 ਮਿਤੀ 11.10.2017, 12/162/2017-4ਪੀ.ਪੀ.2/310 ਮਿਤੀ 08.10.2018 ਅਤੇ 12/162/2017-4ਪੀ.ਪੀ.2/304 ਮਿਤੀ 10.08.2022 ਵੱਲ ਦਿਵਾਉਣ ਅਤੇ ਮੁੜ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਹਵਾ ਦੇ ਪ੍ਰਦੂਸ਼ਣ ਨੂੰ ਘੱਟ ਕਰਨ, ਹਵਾ ਦੀ ਗੁਣਵਤਾ ਵਿੱਚ ਸੁਧਾਰ ਲਿਆਉਣ, ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਕਰਕੇ ਜੈਵਿਕ ਪਦਾਰਥਾਂ ਦੇ ਵੱਡੀ ਪੱਧਰ ਤੇ ਹੁੰਦੇ ਨੁਕਸਾਨ ਨੂੰ ਰੋਕਣ ਵਾਸਤੇ ਇਹ ਜਰੂਰੀ ਹੈ ਕਿ ਪਰਾਲੀ/ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀ ਪ੍ਰਥਾ ਨੂੰ ਰੋਕਿਆ ਜਾਵੇ।

2. ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਖੁਦ-ਮੁਖਤਿਆਰ ਅਦਾਰਿਆਂ ਦੇ ਸਮੂਹ ਕਰਮਚਾਰੀਆਂ ਨੂੰ ਹੇਠ ਲਿਖੇ ਅਨੁਸਾਰ ਹਦਾਇਤਾਂ ਕੀਤੀਆਂ ਜਾਣ:-

- ਹਰੇਕ ਕਰਮਚਾਰੀ ਜਿਹੜਾ ਖੇਤੀਬਾੜੀ ਵੀ ਕਰਦਾ ਹੈ ਇਹ ਯਕੀਨੀ ਬਣਾਵੇ ਕਿ ਉਸ ਦੇ ਖੇਤਾਂ ਵਿੱਚ ਪਰਾਲੀ/ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨਾ ਸਾੜੀ ਜਾਵੇ।
- ਹਰੇਕ ਕਰਮਚਾਰੀ ਫਸਲਾਂ ਦੀ ਰਹਿੰਦ-ਖੂੰਹਦ ਸਾੜੇ ਜਾਣ ਦੇ ਮਾੜੇ ਪ੍ਰਭਾਵ ਅਤੇ ਨੁਕਸਾਨ ਬਾਰੇ ਹੋਰਨਾਂ ਲੋਕਾਂ ਨੂੰ ਦੱਸਦੇ ਹੋਏ ਉਹਨਾਂ ਨੂੰ ਵੀ ਉਤਸ਼ਾਹਿਤ ਕਰੇ ਕਿ ਉਹ ਆਪਣੇ ਖੇਤਾਂ ਵਿੱਚ ਪਰਾਲੀ/ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨਾ ਸਾੜਨ।
- ਨੈਸ਼ਨਲ ਗਰੀਨ ਟ੍ਰਿਬਿਊਨਲ ਜਾਂ ਸਾਇੰਸ, ਤਕਨਾਲੋਜੀ ਤੇ ਵਾਤਾਵਰਣ ਵਿਭਾਗ ਦੇ ਹੁਕਮਾਂ ਦੀ ਉਲੰਘਣਾ ਵਿੱਚ ਜੇਕਰ ਕਿਤੇ ਪਰਾਲੀ/ਨਾੜ ਅਤੇ ਫਸਲ ਦੀ ਰਹਿੰਦ-ਖੂੰਹਦ ਸਾੜੀ ਜਾ ਰਹੀ ਹੋਵੇ ਤਾਂ ਕਰਮਚਾਰੀ ਸਬੰਧਤ ਅਥਾਰਿਟੀਆਂ ਦੇ ਧਿਆਨ ਵਿੱਚ ਲਿਆਵੇ।

3 ਇਹਨਾਂ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਅਤੇ ਇਹਨਾਂ ਦੀ ਉਲੰਘਣਾ ਪਾਏ ਜਾਣ ਤੇ ਦੋਸ਼ੀ ਕਰਮਚਾਰੀਆਂ ਵਿਰੁੱਧ ਵਿਭਾਗੀ ਸੇਵਾ ਨਿਯਮਾਂ ਅਨੁਸਾਰ ਸਖਤ ਅਨੁਸ਼ਾਸ਼ਨੀ ਕਾਰਵਾਈ ਕੀਤੀ ਜਾਵੇ।

ਆਪ ਜੀ ਦਾ ਵਿਸ਼ਵਾਸ਼ਪਾਤਰ
ਹਸਤਾਖਰ/-
ਅਧੀਨ ਸਕੱਤਰ, ਪ੍ਰਸੋਨਲ

Service Matter Solutions Punjab https://smspunjab.in

275
(3)

ਇਸ ਦਾ ਇੱਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰਾਂ, ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ, ਪ੍ਰਸੋਨਲ

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੰ.ਨੰ.12/162/2017-4ਪੀ.ਪੀ.2/ 574 ਮਿਤੀ,ਚੰਡੀਗੜ੍ਹ 28-8-23

Service Matter Solutions Punjab https://smspunjab.in

4

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪ੍ਰਸੋਨਲ ਪਾਲਿਸੀ-2 ਸ਼ਾਖਾ)

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾ ਦੇ ਕਮਿਸ਼ਨਰ,
ਸਮੂਹ ਡਿਪਟੀ ਕਮਿਸ਼ਨਰ,
ਸਬ ਡਵੀਜ਼ਨਲ ਮੈਜਿਸਟ੍ਰੇਟਾਂ ਅਤੇ
ਰਾਜ ਦੇ ਸਮੂਹ ਬੋਰਡ/ਕਾਰਪੋਰੇਸ਼ਨਾਂ ਦੇ ਚੇਅਰਮੈਨ/ਮੈਨੇਜਿੰਗ ਡਾਇਰੈਕਟਰ।

ਮੀਮੋ ਨੰ: 03/5/2023-2ਪੀ.ਪੀ.2/613
ਮਿਤੀ, ਚੰਡੀਗੜ੍ਹ: 20/5/23

ਵਿਸ਼ਾ- ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ, 1970 ਅਧੀਨ ਵਿਭਾਗੀ ਪੜਤਾਲਾਂ ਦਾ ਤੁਰੰਤ ਨਿਪਟਾਰਾ ਕਰਨ ਬਾਰੇ।

ਸ੍ਰੀਮਾਨ/ਸ੍ਰੀਮਤੀ ਜੀ,

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਮੈਨੂੰ ਪ੍ਰਸੋਨਲ ਵਿਭਾਗ ਦੀ ਹਦਾਇਤਾਂ ਗਸ਼ਤੀ ਪੱਤਰ ਨੰ: 12/167/2013-2ਪੀ.ਪੀ.2/262628/1 ਮਿਤੀ 08.07.2014 ਵਿੱਚ ਸ਼ਾਮਿਲ ਉਪਬੰਧਾਂ ਦੀ ਲਗਾਤਾਰਤਾ ਵਿੱਚ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਜਿਨ੍ਹਾਂ ਕੇਸਾਂ ਵਿੱਚ ਕਥਿਤ ਦੋਸ਼ੀ ਅਧਿਕਾਰੀ/ਕਰਮਚਾਰੀ ਨੇੜੇ ਭਵਿੱਖ ਵਿੱਚ ਸੇਵਾ ਮੁਕਤ ਹੋਣ ਵਾਲਾ ਹੈ ਤਾਂ ਉਨ੍ਹਾਂ ਕੇਸਾਂ ਵਿੱਚ ਸਬੰਧਤ ਵਿਭਾਗ ਵੱਲੋਂ ਪੜਤਾਲੀਆਂ ਅਫਸਰ ਨੂੰ ਸੂਚਿਤ ਕਰ ਦਿੱਤਾ ਜਾਵੇ ਕਿ ਸਬੰਧਤ ਕਥਿਤ ਦੋਸ਼ੀ ਕਰਮਚਾਰੀ/ਅਧਿਕਾਰੀ ਦੀ ਨੇੜੇ ਭਵਿੱਖ ਵਿੱਚ ਹੋਣ ਵਾਲੀ ਰਿਟਾਇਰਮੈਂਟ ਨੂੰ ਦੇਖਦੇ ਹੋਏ ਪੜਤਾਲ ਰਿਪੋਰਟ ਸਮਾਂ-ਬੱਧ ਤਰੀਕੇ ਨਾਲ ਮੁਕੰਮਲ ਕੀਤੀ ਜਾਵੇ ਅਤੇ ਕਰਮਚਾਰੀ/ਅਧਿਕਾਰੀ ਦੀ ਰਿਟਾਇਰਮੈਂਟ ਦੀ ਮਿਤੀ ਤੋਂ ਪਹਿਲਾਂ-ਪਹਿਲਾਂ ਪੜਤਾਲ ਰਿਪੋਰਟ ਸਮਰੱਥ ਅਥਾਰਟੀ ਨੂੰ ਪੇਸ਼ ਕੀਤੀ ਜਾਵੇ ਤਾਂ ਜੋ ਉਸ ਦੀ ਰਿਟਾਇਰਮੈਂਟ ਦੀ ਪ੍ਰਕ੍ਰਿਆ ਸਮੇਂ ਸਿਰ ਮੁਕੰਮਲ ਹੋ ਸਕੇ।

2. ਇਨ੍ਹਾਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ

ਇਸ ਦਾ ਇੱਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ ਪ੍ਰਸੋਨਲ

CamScanner

Service Matter Solutions Punjab https://smspunjab.in

279
(65)

**ਪੰਜਾਬ ਸਰਕਾਰ**
**ਪ੍ਰਸੋਨਲ ਵਿਭਾਗ**
**(ਪ੍ਰਸੋਨਲ ਪਾਲਿਸੀ-3 ਸ਼ਾਖਾ)**

**ਅਧਿਸੂਚਨਾ**

ਨੰ: 10/05/2023-3ਪੀਪੀ3/399 ਮਿਤੀ 21 ਸਤੰਬਰ, 2023

ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਛੇਵੇਂ ਪੰਜਾਬ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਦੇ ਸਨਮੁੱਖ ਰਾਜ ਸਰਕਾਰ ਵੱਲੋਂ ਜਾਰੀ ਕੀਤੇ ਤਨਖਾਹ ਢਾਂਚੇ ਵਿੱਚ ਰਹਿ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਲਈ ਰਾਜ ਦੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਵੱਲੋਂ ਪ੍ਰਾਪਤ ਹੋਣ ਵਾਲੀਆਂ ਪ੍ਰਤੀਬੇਨਤੀਆਂ ਤੇ ਵਿਚਾਰ ਕਰਨ ਹਿੱਤ ਨਿਮਨ ਅਨੁਸਾਰ ਇੱਕ ਕਮੇਟੀ ਦਾ ਗਠਨ ਕਰਦੇ ਹਨ:-

| | | | |
|---|---|---|---|
| 1. | ਸ੍ਰੀ ਕੇ.ਏ.ਪੀ. ਸਿਨਹਾ, ਆਈ.ਏ.ਐਸ., ਵਿਸ਼ੇਸ਼ ਮੁੱਖ ਸਕੱਤਰ (ਮਾਲ) | - | ਚੇਅਰਮੈਨ |
| 2. | ਪ੍ਰਬੰਧਕੀ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ | - | ਮੈਂਬਰ |
| 3. | ਪ੍ਰਬੰਧਕੀ ਸਕੱਤਰ, ਸਕੂਲ ਸਿੱਖਿਆ ਵਿਭਾਗ | - | ਮੈਂਬਰ |
| 4. | ਪ੍ਰਬੰਧਕੀ ਸਕੱਤਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ | - | ਮੈਂਬਰ |
| 5. | ਪ੍ਰਬੰਧਕੀ ਸਕੱਤਰ, ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ | - | ਮੈਂਬਰ |
| 6. | ਸਕੱਤਰ, ਪ੍ਰਸੋਨਲ ਵਿਭਾਗ | - | ਮੈਂਬਰ |
| 7. | ਸ੍ਰੀ ਦੀਪਰਵਾ ਲਾਕਰਾ, ਆਈ.ਏ.ਐਸ. ਸਕੱਤਰ, ਪੰਜਾਬ ਸਰਕਾਰ | - | ਮੈਂਬਰ |
| 8. | ਸ੍ਰੀ ਅਭਿਨਵ ਤ੍ਰਿਖਾ, ਆਈ.ਏ.ਐਸ., ਸਕੱਤਰ, ਪੰਜਾਬ ਸਰਕਾਰ | - | ਮੈਂਬਰ |
| 9. | ਸਕੱਤਰ (ਖਰਚਾ), ਵਿੱਤ ਵਿਭਾਗ | - | ਮੈਂਬਰ |
| 10. | ਸਕੱਤਰ/ਵਿਸ਼ੇਸ਼ ਸਕੱਤਰ ਵਿੱਤ | - | ਮੈਂਬਰ ਸਕੱਤਰ |

ਕਮੇਟੀ ਐਸ.ਏ.ਐਸ. ਕਾਡਰ ਦੇ ਦੋ (02) ਮਾਹਿਰਾਂ ਨੂੰ ਚੁਣ ਸਕਦੀ ਹੈ, ਜਿਨ੍ਹਾਂ ਨੂੰ ਪੇਅ ਅਨਾਮਲੀਆਂ ਨੂੰ ਡੀਲ ਕਰਨ ਸਬੰਧੀ ਜਾਣਕਾਰੀ ਤੇ ਤਜ਼ਰਬਾ ਹੋਵੇ ਅਤੇ ਜੋ ਇਨ੍ਹਾਂ ਅਨਾਮਲੀਆਂ ਨੂੰ ਦੂਰ ਕਰਨ ਵਿੱਚ ਯੋਗਦਾਨ ਦੇ ਸਕਦੇ ਹੋਣ।

ਮਿਤੀ, ਚੰਡੀਗੜ੍ਹ:
18 ਸਤੰਬਰ, 2023

ਅਨੁਰਾਗ ਵਰਮਾ,
ਮੁੱਖ ਸਕੱਤਰ, ਪੰਜਾਬ ਸਰਕਾਰ

ਨੰ: 10/05/2023-3ਪੀਪੀ3/400 ਮਿਤੀ, ਚੰਡੀਗੜ੍ਹ: 21.09.2023

ਉਪਰੋਕਤ ਦਾ ਇਕ ਉਤਾਰਾ ਕਮੇਟੀ ਦੇ ਚੇਅਰਮੈਨ/ਮੈਂਬਰਜ/ਮੈਂਬਰ ਸਕੱਤਰ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ ਪ੍ਰਸੋਨਲ

Service Matter Solutions Punjab https://smspunjab.in

ਨੰ: 10/05/2023-3ਪੀਪੀ3/401 ਮਿਤੀ, ਚੰਡੀਗੜ੍ਹ: 21.09.2023

ਉਪਰੋਕਤ ਦਾ ਇਕ ਉਤਾਰਾ ਪੰਜਾਬ ਰਾਜ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਜ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ ਪ੍ਰਸੋਨਲ

ਨੰ: 10/05/2023-3ਪੀਪੀ3/402 ਮਿਤੀ, ਚੰਡੀਗੜ੍ਹ: 21.09.2023

ਉਪਰੋਕਤ ਦਾ ਇਕ ਉਤਾਰਾ ਸਮੂਹ ਵਿਭਾਗਾਂ ਦੇ ਮੁੱਖੀਆਂ, ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ, ਡਵੀਜ਼ਨਾ ਦੇ ਕਮਿਸ਼ਨਰਜ਼, ਡਿਪਟੀ ਕਮਿਸ਼ਨਰਜ ਅਤੇ ਸਬ ਡਵੀਜ਼ਨਲ ਮੈਜਿਸਟਰੇਟਾਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ ਪ੍ਰਸੋਨਲ

ਨੰ: 10/05/2023-3ਪੀਪੀ3/403 ਮਿਤੀ, ਚੰਡੀਗੜ੍ਹ: 21.09.2023

ਉਪਰੋਕਤ ਦਾ ਇਕ ਉਤਾਰਾ ਓ.ਐਸ.ਡੀ./ਮੁੱਖ ਸਕੱਤਰ ਜੀ ਨੂੰ ਮੁੱਖ ਸਕੱਤਰ ਜੀ ਦੀ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ ਪ੍ਰਸੋਨਲ

ਨੰ: 10/05/2023-3ਪੀਪੀ3/404 ਮਿਤੀ, ਚੰਡੀਗੜ੍ਹ: 21.09.2023

ਉਪਰੋਕਤ ਦਾ ਇਕ ਉਤਾਰਾ ਵਿੱਤ ਵਿਭਾਗ (ਵਿੱਤ ਪ੍ਰਸੋਨਲ – 1 ਸ਼ਾਖਾ) ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ ਪ੍ਰਸੋਨਲ

ਨੰ: 10/05/2023-3ਪੀਪੀ3/405 ਮਿਤੀ, ਚੰਡੀਗੜ੍ਹ: 21.09.2023

ਉਪਰੋਕਤ ਦਾ ਇਕ ਉਤਾਰਾ ਕੰਟਰੋਲਰ, ਛਪਾਈ ਅਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਇਹ ਨੋਟੀਫਿਕੇਸ਼ਨ (ਬਿਨ੍ਹਾਂ ਉਤਾਰਿਆਂ ਦੇ) ਸਾਧਾਰਨ ਗਜਟ ਵਿੱਚ ਛਾਪਣ ਹਿੱਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ ਪ੍ਰਸੋਨਲ

Service Matter Solutions Punjab https://smspunjab.in

280
(7)

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪ੍ਰਸੋਨਲ ਪਾਲਿਸੀਜ਼-1 ਸ਼ਾਖਾ)

ਵਿਸ਼ਾ:- ਵਿਭਾਗੀ ਤਰੱਕੀ ਕਮੇਟੀ ਦੀਆਂ ਮੀਟਿੰਗਾਂ ਸਮੇਂ ਸਿਰ ਕਰਵਾਉਣ ਸਬੰਧੀ।

****

ਪੰਜਾਬ ਰਾਜ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ ਕ੍ਰਿਪਾ ਕਰਕੇ ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪ੍ਰਸੋਨਲ ਵਿਭਾਗ ਦੇ ਅ.ਵਿ.ਪੱ.ਨੰ. 03/18/2009-3ਪੀ.ਪੀ.1/968-969 ਮਿਤੀ 26-10-2021 ਵੱਲ ਧਿਆਨ ਦੇਣ ਦੀ ਖੇਚਲ ਕਰਨ ਜੀ।

2. ਪ੍ਰਸੋਨਲ ਵਿਭਾਗ ਵੱਲੋ ਹਵਾਲਾ ਅਧੀਨ ਪੱਤਰ ਅਤੇ ਇਸ ਤੋਂ ਪਹਿਲਾਂ ਵੀ ਸਮੇਂ-ਸਮੇਂ ਤੇ ਜਾਰੀ ਪੱਤਰਾਂ ਰਾਹੀਂ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਵਿਭਾਗੀ ਤਰੱਕੀ ਕਮੇਟੀ ਦੀਆਂ ਮੀਟਿੰਗਾਂ ਦੇ ਸਬੰਧ ਵਿੱਚ ਏਜੰਡਾ ਹਰ ਪੱਖੋਂ ਮੁਕੰਮਲ ਦਸਤਾਵੇਜਾਂ ਸਹਿਤ ਤਿਆਰ ਕਰਕੇ ਇਸ ਵਿਭਾਗ ਨੂੰ ਵਿਭਾਗੀ ਤਰੱਕੀ ਕਮੇਟੀ ਦੀ ਨਿਸ਼ਚਿਤ ਮਿਤੀ ਤੋਂ ਘੱਟੋ ਘੱਟ 7 ਕੰਮ ਵਾਲੇ ਦਿਨ ਪਹਿਲਾਂ ਭੇਜਿਆ ਜਾਵੇ ਪਰੰਤੂ ਅਜੇ ਵੀ ਜਿਆਦਾਤਰ ਵਿਭਾਗਾਂ ਵੱਲੋਂ ਇਸ ਅਨੁਸਾਰ ਕਾਰਵਾਈ ਅਮਲ ਵਿੱਚ ਨਹੀਂ ਲਿਆਈ ਜਾਂਦੀ ਅਤੇ ਵਿਭਾਗੀ ਤਰੱਕੀ ਕਮੇਟੀ ਲਈ ਨਿਸ਼ਚਿਤ ਮਿਤੀ ਤੋਂ ਕੁਝ ਦਿਨ ਪਹਿਲਾਂ ਹੀ ਅਜੰਡਾ ਭੇਜਿਆ ਜਾਂਦਾ ਹੈ, ਜਿਸ ਨਾਲ ਤਰੱਕੀ ਸਬੰਧੀ ਕਈ ਤੱਥ ਘੋਖਣ ਤੋਂ ਰਹਿ ਜਾਂਦੇ ਹਨ ਅਤੇ ਗਲਤੀ ਹੋਣ ਦਾ ਡਰ ਬਣਿਆ ਰਹਿੰਦਾ ਹੈ।

3. ਉਪਰੋਕਤ ਸਥਿਤੀ ਨੂੰ ਵਿਚਾਰਦੇ ਹੋਏ ਇਹ ਫੈਸਲਾ ਲਿਆ ਗਿਆ ਹੈ ਕਿ ਪ੍ਰਬੰਧਕੀ ਵਿਭਾਗ ਤਰੱਕੀਯੋਗ ਅਧਿਕਾਰੀਆਂ/ਕਰਮਚਾਰੀਆਂ ਦਾ ਲੋੜੀਂਦਾ ਸੇਵਾ ਰਿਕਾਰਡ ਹਰ ਪੱਖੋਂ ਮੁਕੰਮਲ ਕਰਕੇ ਵਿਭਾਗੀ ਤਰੱਕੀ ਕਮੇਟੀ ਦੀ ਮੀਟਿੰਗ ਨਿਸ਼ਚਿਤ ਕਰਨ ਹਿੱਤ ਆਪਣੇ ਵਿਭਾਗ ਦੇ ਸਮਰੱਥ ਅਧਿਕਾਰੀ ਨੂੰ ਪਦ-ਉੱਨਤੀ ਦੀ ਡਿਊ ਮਿਤੀ ਤੋਂ ਘੱਟੋ ਘੱਟ 2 ਮਹੀਨੇ ਪਹਿਲਾਂ ਭੇਜੇ। ਇਸ ਉਪਰੰਤ ਸਮਰੱਥ ਅਧਿਕਾਰੀ ਵੱਲੋਂ ਵਿਭਾਗੀ ਤਰੱਕੀ ਕਮੇਟੀ ਦੀ ਮੀਟਿੰਗ ਲਈ ਮਿਤੀ ਨਿਸ਼ਚਿਤ ਕੀਤੀ ਜਾਵੇ ਅਤੇ ਮੀਟਿੰਗ ਲਈ ਨਿਸ਼ਚਿਤ ਕੀਤੀ ਗਈ ਮਿਤੀ ਤੋਂ ਘੱਟੋ-ਘੱਟ 15 ਦਿਨ ਪਹਿਲਾਂ ਮੀਟਿੰਗ ਦਾ ਨੋਟਿਸ ਅਤੇ ਮੀਟਿੰਗ ਦੀ ਮਿਤੀ ਤੋਂ ਘੱਟੋ-ਘੱਟ 7(ਸੱਤ) ਕੰਮ ਵਾਲੇ ਦਿਨ ਪਹਿਲਾਂ ਵਿਭਾਗੀ ਤਰੱਕੀ ਕਮੇਟੀ ਦੀ ਮੀਟਿੰਗ ਲਈ ਤਿਆਰ ਕੀਤਾ ਗਿਆ ਅਜੰਡਾ ਪ੍ਰਸੋਨਲ ਵਿਭਾਗ ਨੂੰ ਭੇਜਿਆ ਜਾਵੇ। ਪ੍ਰਬੰਧਕੀ ਵਿਭਾਗ ਵੱਲੋਂ ਇਹ ਯਕੀਨੀ ਬਣਾਇਆ ਜਾਵੇ ਕਿ ਪਦ-ਉੱਨਤੀ ਸਬੰਧੀ ਇਹ ਸਮੁੱਚੀ ਕਾਰਵਾਈ ਨਿਰਧਾਰਿਤ ਸਮੇਂ (ਅਰਥਾਤ ਅਸਾਮੀ ਦੀ ਉਪਲਬਧਤਾ ਅਨੁਸਾਰ ਜਿਸ ਦਿਨ ਅਧਿਕਾਰੀ/ਕਰਮਚਾਰੀ ਦੀ ਪਦਉੱਨਤੀ ਡਿਊ ਬਣਦੀ ਹੋਵੇ) ਤੱਕ ਮੁਕੰਮਲ ਹੋਵੇ ਤਾਂ ਜੋ ਸਬੰਧਤ ਅਧਿਕਾਰੀਆਂ/ਕਰਮਚਾਰੀਆਂ ਨੂੰ ਸਮੇਂ ਸਿਰ ਪਦ-ਉੱਨਤੀ ਮਿਲ ਸਕੇ।

4. ਇਸ ਤੋ ਇਲਾਵਾ ਇਹ ਯਕੀਨੀ ਬਣਾਉਣ ਲਈ ਕਿ ਇਸ ਸਮਾਂ ਸਾਰਣੀ ਦੀ ਪਾਲਣਾ ਸਖ਼ਤੀ ਨਾਲ ਕੀਤੀ ਜਾ ਰਹੀ ਹੈ, ਲਈ ਸਾਰੇ ਪ੍ਰਬੰਧਕੀ ਵਿਭਾਗਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਸਬੰਧਤ ਪ੍ਰਬੰਧਕੀ ਸਕੱਤਰ ਦੇ ਦਫ਼ਤਰ ਵਿੱਚ ਇੱਕ ਨੋਡਲ ਅਫ਼ਸਰ ਨਿਯੁਕਤ ਕਰਨ।

5. ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਅਧੀਨ ਸਕੱਤਰ, ਪ੍ਰਸੋਨਲ

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਸ਼ੇਸ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅ.ਵਿ.ਪੱ.ਨੰ. 17/09/2023-3PP1/ 425 ਮਿਤੀ,ਚੰਡੀਗੜ 26.09.2023